**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**14:35**

**ਮਿਤੀ : 17-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੱਧ ਪ੍ਰਦੇਸ਼ ਦੇ ਧਾਰ ਜ਼ਿਲ੍ਹੇ ਤੋਂ ਸਵਸਥ ਨਾਰੀ, ਸਸ਼ਕਤ ਪਰਿਵਾਰ ਅਭਿਆਨ ਅਤੇ 8ਵੇਂ ਰਾਸ਼ਟਰੀ ਪੋਸ਼ਣ ਮਹੀਨੇ ਦੀ ਸ਼ੁਰੂਆਤ ਕੀਤੀ। ਉਨ੍ਹਾਂ ਰਾਜ ਵਿੱਚ 'ਆਦੀ ਸੇਵਾ ਪਰਵ' ਦਾ ਉਦਘਾਟਨ ਕੀਤਾ ਅਤੇ ਧਾਰ ਜ਼ਿਲ੍ਹੇ ਦੇ ਭੈਂਸੋਲਾ ਪਿੰਡ ਵਿੱਚ ਭਾਰਤ ਦੇ ਪਹਿਲੇ 'ਪੀਐਮ ਮਿੱਤਰਾ ਪਾਰਕ' ਦਾ ਨੀਂਹ ਪੱਥਰ ਵੀ ਰੱਖਿਆ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਅੱਜ ਮੱਧ ਪ੍ਰਦੇਸ਼ ਦੇ ਧਾਰ ਜ਼ਿਲ੍ਹੇ ਦੇ ਭੈਂਸੋਲਾ ਪਿੰਡ ਵਿੱਚ ਇੱਕ ਇਤਿਹਾਸਕ ਦਿਨ ਏ । ਪ੍ਰਧਾਨ ਮੰਤਰੀ ਨੇ ਇੱਥੇ ਦੇਸ਼ ਦੇ ਪਹਿਲੇ ਪੀ.ਐਮ ਮਿੱਤਰਾ ਪਾਰਕ ਦਾ ਨੀਂਹ ਪੱਥਰ ਰੱਖਿਆ ਏ। ਇਸ ਪਾਰਕ ਤੋਂ ਮੱਧ ਪ੍ਰਦੇਸ਼ ਦੇ ਕਪੜਾ ਉਦਯੋਗ ਨੂੰ ਇੱਕ ਨਵਾਂ ਉਤਸ਼ਾਹ ਮਿਲਣ ਅਤੇ ਨੌਜਵਾਨਾਂ ਲਈ ਲਗਭਗ ਤਿੰਨ ਲੱਖ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਏ । ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਕਈ ਵੱਡੀਆਂ ਪਹਿਲਕਦਮੀਆਂ ਵੀ ਸ਼ੁਰੂ ਕੀਤੀਆਂ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਸਮੇਤ ਹੋਰਨਾਂ ਨੇਤਾਵਾਂ ਅਤੇ ਉਘੀਆਂ ਸ਼ਖਸੀਅਤਾਂ ਨੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸ਼੍ਰੀ ਮੋਦੀ ਨੇ ਆਪਣੀ ਬੇਮਿਸਾਲ ਅਗਵਾਈ ਨਾਲ ਸਖ਼ਤ ਮਿਹਨਤ ਰਾਹੀਂ ਦੇਸ਼ ਵਿੱਚ ਮਹਾਨ ਟੀਚਿਆਂ ਨੂੰ ਪ੍ਰਾਪਤ ਕਰਨ ਦਾ ਸੱਭਿਆਚਾਰ ਪੈਦਾ ਕੀਤਾ ਏ । ਸ਼੍ਰੀ ਨਰੇਂਦਰ ਮੋਦੀ ਦੇ ਜਨਮ ਦਿਨ ਦੇ ਮੌਕੇ, ਦੇਸ਼ ਭਰ ਵਿੱਚ ਸੇਵਾ ਪੰਦਰਵਾੜਾ ਸ਼ੁਰੂ ਕੀਤਾ ਜਾ ਰਿਹਾ ਏ। ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤਾ ਜਾ ਰਿਹਾ ਇਹ ਪੰਦਰਵਾੜਾ 2 ਅਕਤੂਬਰ, ਮਹਾਤਮਾ ਗਾਂਧੀ ਅਤੇ ਲਾਲ ਬਹਾਦਰ ਸ਼ਾਸਤਰੀ ਦੀ ਜਨਮ ਵਰ੍ਹੇਗੰਢ ਤੱਕ ਜਾਰੀ ਰਹੇਗਾ । ਪ੍ਰਧਾਨ ਮੰਤਰੀ ਮੋਦੀ ਨੇ ਗੁਜਰਾਤ ਦੇ ਮੁੱਖ ਮੰਤਰੀ ਅਤੇ ਬਾਅਦ ਵਿੱਚ ਪ੍ਰਧਾਨ ਮੰਤਰੀ ਵਜੋਂ ਜਨਤਕ ਸੇਵਾ ਅਤੇ ਸਮਾਜਿਕ ਸੁਧਾਰਾਂ ਦੇ ਮਹੱਤਵ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਏ ।

---------------------------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਹੜ੍ਹਾਂ ਨਾਲ ਜੂਝ ਰਹੇ ਪੰਜਾਬ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਖੁਲਾਸਾ ਕੀਤਾ ਕਿ

ਕੇਂਦਰ ਨੇ ਹੁਣ ਪੰਜਾਬ ਦੇ ਰਾਜ ਆਫ਼ਤ ਰਾਹਤ ਫੰਡ (SDRF) ਨੂੰ 240.80 ਕਰੋੜ ਰੁਪਏ ਵਾਧੂ ਜਾਰੀ ਕਰ ਦਿੱਤੇ ਨੇ। ਉਨ੍ਹਾਂ ਕਿਹਾ ਕਿ ਕਿਉਂਕਿ ਪ੍ਰਧਾਨ ਮੰਤਰੀ ਪਹਿਲਾਂ ਹੀ ਹੜ੍ਹ ਪ੍ਰਭਾਵਿਤ ਪੰਜਾਬ ਲਈ 1600 ਕਰੋੜ ਰੁਪਏ ਹੜ੍ਹ ਰਾਹਤ ਦਾ ਐਲਾਨ ਕਰ ਚੁੱਕੇ ਨੇ, ਇਹ ਵਾਧੂ ਫੰਡ ਪੰਜਾਬ ਅਤੇ ਇਸ ਦੇ ਲੋਕਾਂ ਦੀ ਸਹਾਇਤਾ ਲਈ ਮੋਦੀ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਏ। SDRF ਦਾ ਇਹ ਕੇਂਦਰੀ ਹਿੱਸਾ ਮੌਜੂਦਾ ਵਿੱਤੀ ਸਾਲ 2025-26 ਦੌਰਾਨ 15ਵੇਂ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ 'ਤੇ ਅਧਾਰਤ ਏ।

-------------------------------------------------------------------------------

ਨੌਜਵਾਨ ਮਾਮਲੇ ਅਤੇ ਖੇਡਾਂ ਬਾਰੇ ਕੇਂਦਰੀ ਰਾਜ ਮੰਤਰੀ, ਰਕਸ਼ਾ ਨਿਖਿਲ ਖੜਸੇ ਨੇ ਭਰੋਸਾ ਦਿੱਤਾ ਏ ਕਿ ਹੜ੍ਹ ਪ੍ਰਭਾਵਿਤ ਪੰਜਾਬ ਵਿੱਚ ਹਰੇਕ ਪ੍ਰਭਾਵਿਤ ਪਰਿਵਾਰ ਦੀ ਸਹਾਇਤਾ ਕੀਤੀ ਜਾਵੇਗੀ ਅਤੇ ਹਰ ਕਿਸਾਨ ਦੀ ਆਵਾਜ਼ ਸੁਣੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੱਸਿਆ ਦਾ ਇੱਕ ਸਥਾਈ ਹੱਲ ਕੱਢਿਆ ਜਾਵੇਗਾ। ਕੇਂਦਰੀ ਮੰਤਰੀ ਨੇ ਕੱਲ੍ਹ ਪਟਿਆਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ ਅਤੇ ਪ੍ਰਭਾਵਿਤ ਪਰਿਵਾਰਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇੱਕ ਨੁਕਸਾਨ ਦੀ ਵਿਆਪਕ ਰਿਪੋਰਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ

ਜੋ ਸਮੇਂ ਸਿਰ ਮੁਆਵਜ਼ਾ ਦਿੱਤਾ ਜਾ ਸਕੇ। ਸ਼੍ਰੀਮਤੀ ਖੜਸੇ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਦਰਿਆਵਾਂ ਵਿੱਚੋਂ ਗਾਰ ਕੱਢਣ, ਪੱਕੇ ਬੰਨ੍ਹ ਬਣਾਉਣ ਅਤੇ ਪਟਿਆਲਾ-ਪਿਹੋਵਾ ਸੜਕ ਦੀ ਤੁਰੰਤ ਮੁਰੰਮਤ ਦੀਆਂ ਉਨ੍ਹਾਂ ਦੀਆਂ ਮੰਗਾਂ ਨੂੰ ਪ੍ਰਧਾਨ ਮੰਤਰੀ ਦਫ਼ਤਰ, ਕੇਂਦਰੀ ਜਲ ਕਮਿਸ਼ਨ ਅਤੇ ਸੜਕ ਆਵਾਜਾਈ ਮੰਤਰਾਲੇ ਕੋਲ ਉਠਾਇਆ ਜਾਵੇਗਾ, ਜਿਸ ਨਾਲ ਤੁਰੰਤ ਰਾਹਤ ਅਤੇ ਲੰਬੇ ਸਮੇਂ ਦੇ ਹੜ੍ਹ ਰੋਕਥਾਮ ਉਪਾਅ ਯਕੀਨੀ ਬਣਾਏ ਜਾਣਗੇ। ਸਾਬਕਾ ਕੇਂਦਰੀ ਮੰਤਰੀ ਸ਼੍ਰੀਮਤੀ ਪ੍ਰਨੀਤ ਕੌਰ ਦੇ ਨਾਲ ਉਨ੍ਹਾਂ ਦਾ ਇਹ ਦੌਰਾ ਧਰਮਹੇੜੀ ਪਿੰਡ ਵਿਖੇ ਸਮਾਪਤ ਹੋਇਆ, ਜਿੱਥੇ ਕਿਸਾਨ ਹਾਂਸੀ-ਬੁਟਾਣਾ ਨਹਿਰ ਦੇ ਮੁੱਦੇ 'ਤੇ ਵਿਰੋਧ ਪ੍ਰਦਰਸ਼ਨ ਕਰ ਰਹੇ ਸਨ। ਦੋਵਾਂ ਆਗੂਆਂ ਵੱਲੋਂ ਦਿੱਤੇ ਭਰੋਸੇ ਤੋਂ ਬਾਅਦ ਕਿਸਾਨਾਂ ਨੇ ਪ੍ਰਦਰਸ਼ਨ ਵਾਪਸ ਲੈ ਲਿਆ। ਇਸੇ ਦੌਰਾਨ ਕੇਂਦਰੀ ਰਾਜ ਮੰਤਰੀ ਬਾਗੀਰਥ ਚੌਧਰੀ ਨੇ ਵੀ ਤਰਨਤਾਰਨ ਜ਼ਿਲ੍ਹੇ ਵਿਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਆਪਣੇ ਪੰਜਾਬ ਦੌਰੇ ਦੌਰਾਨ ਹੜ੍ਹ ਪ੍ਰਭਾਵਿਤਾਂ ਲਈ 1600 ਕਰੋੜ ਰੁਪਏ ਦੇ ਪੈਕੇਜ ਦਾ ਐਲਾਨ ਕੀਤਾ ਗਿਆ ਏ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੇ ਕੋਲ ਪਹਿਲਾਂ ਤੋਂ ਪਏ 12 ਹਜ਼ਾਰ ਕਰੋੜ ਰੁਪਏ ਸਬੰਧੀ ਰਿਪੋਰਟ ਕੇਂਦਰ ਸਰਕਾਰ ਨੂੰ ਸੌਂਪਣੀ ਚਾਹੀਦੀ ਏ।

----------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜਾਂ ਕਾਰਨ ਪਿੰਡਾਂ ਵਿੱਚ ਆਈ ਗੰਦਗੀ ਨੂੰ ਸਾਫ਼ ਕਰਨ ਅਤੇ ਪ੍ਰਭਾਵਿਤ ਖੇਤਰਾਂ ਵਿੱਚ ਬੀਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਸ਼ੁਰੂ ਕੀਤੀ ਗਈ ਸਫ਼ਾਈ, ਫੌਗਿੰਗ ਅਤੇ ਛਿੜਕਾਅ ਦੇ ਕਾਰਜ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਜ਼ਿੰਦਗੀ ਮੁੜ ਲੀਹ 'ਤੇ ਆਉਣ ਲੱਗੀ ਏ। ਇਸ ਦੇ ਨਾਲ ਹੀ ਪੰਜਾਬ ਕੈਬਨਿਟ ਦੇ ਵੱਖ-ਵੱਖ ਮੰਤਰੀਆਂ ਵੱਲੋਂ ਦੌਰਾ ਕਰਕੇ ਰਾਹਤ ਕਾਰਜਾਂ ਦਾ ਨਿਰੀਖਣ ਕੀਤਾ ਗਿਆ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਤਾਰਾਪੁਰ ਅਤੇ ਕੀਰਤਪੁਰ ਸਾਹਿਬ ਵਿਖੇ ਚਲ ਰਿਹਾ ਰਾਹਤਾਂ ਕਾਰਜਾਂ ਅਤੇ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਨਾਲ ਲੱਗਦੇ ਨੀਮ ਪਹਾੜੀ ਖੇਤਰ ਤੋ ਖੱਡ ਵਿਚ ਆ ਰਹੇ ਬਰਸਾਤ ਦੇ ਪਾਣੀ ਨਾਲ ਇਸ ਇਲਾਕੇ ਦੇ ਰਿਹਾਇਸ਼ੀ ਘਰਾਂ ਦਾ ਖਾਰ ਲੱਗਣ ਨਾਲ ਹੋਏ ਨੁਕਸਾਨ ਦਾ ਜਾਇਜਾ ਲਿਆ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਨਿਗਰਾਨੀ ਵਿੱਚ ਹੜ ਪ੍ਰਭਾਵਿਤ ਪਿੰਡਾਂ ਸਕੋਲ, ਢਿੰਡਾ-ਭੁਪਾਲਪੁਰ, ਕੋਟਲੀ ਜਵਾਹਰ, ਪਲਾਹ, ਘੋਲਾ, ਕੋਟ ਭੱਟੀਆਂ, ਬਲੋਤਰ, ਸੜੋਤਾ, ਦਨਵਾਲ ਤੇ ਖੋਜਕੀ ਵਿਚ ਸਫਾਈ ਪ੍ਰਤੀ ਲੋਕਾਂ ਨੂੰ ਪ੍ਰੇਰਿਤ ਕੀਤਾ। ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਤਾਜਾ ਅੰਕੜਿਆਂ ਮੁਤਾਬਕ ਪ੍ਰਭਾਵਿਤ ਪਿੰਡਾਂ ਦੀ ਗਿਣਤੀ 2472 ਤੋਂ ਵੱਧ

ਕੇ 2483 ਅਤੇ ਪ੍ਰਭਾਵਿਤ ਆਬਾਦੀ 3 ਲੱਖ 89 ਹਜ਼ਾਰ 176 ਤੋਂ ਵਧ ਕੇ 389258 ਹੋ ਗਈ ਏ। ਰਾਹਤ ਕੈਂਪਾਂ ਦੀ ਗਿਣਤੀ 66 ਤੋਂ ਘੱਟ ਕੇ 41 ਹੋ ਗਈ ਏ ਅਤੇ ਇਨਾਂ ਕੈਂਪਾਂ ਵਿੱਚ ਰਹਿ ਰਹੇ ਵਿਅਕਤੀਆਂ ਦੀ ਗਿਣਤੀ ਵੀ 3449 ਤੋਂ ਘੱਟ ਕੇ 1945 ਰਹਿ ਗਈ ਹੈ, ਜੋ ਜ਼ਮੀਨੀ ਪੱਧਰ 'ਤੇ ਸਥਿਤੀ ਵਿੱਚ ਹੋ ਰਹੇ ਸੁਧਾਰ ਨੂੰ ਦਰਸਾਉਂਦੀ ਏ।